# **Dispatch No. :** I/19644/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਕੋਵਿਡ-19 ਤੋਂ ਬਚਣ ਲਈ ਹਦਾਇਤਾਂ ਦੀ ਪਾਲਣਾ ਕਰਨਾ ਲਾਜ਼ਮੀ-ਸਿਵਲ ਸਰਜਨ ਡਾ.ਰਜਿੰਦਰ

ਬਾਹਰਲੇ ਸੂਬਿਆਂ ਤੋਂ ਆਏ ਡਰਾਈਵਰਾਂ ਦੀ ਕੀਤੀ ਜਾ ਰਹੀ ਹੈ ਸਿਹਤ ਜਾਂਚ

ਫਰੀਦਕੋਟ, 22 ਅਪ੍ਰੈਲ 2020 (     ) ਕੋਵਿਡ-19 ਮਹਾਂਮਾਰੀ ਦੇ ਖਤਰੇ ਤੋਂ ਬਚਣ ਲਈ ਅਤੇ ਘਰ ਚੋਂ ਬਾਹਰ ਜਾਣ ਲੱਗਿਆਂ ਮਾਸਕ ਪਹਿਨਣਾ ਹੁਣ ਜਰੂਰੀ ਕਰ ਦਿੱਤਾ ਗਿਆ ਹੈ ਜਾਂ ਰੁਮਾਲ,ਚੁੰਨੀ ਜਾਂ ਪਰਨਾ ਵਗੈਰਾ ਨਾਲ ਵੀ ਮੂੰਹ ਢੱਕਿਆ ਜਾ ਸਕਦਾ ਹੈ।ਘਰ 'ਚ ਦਾਖਲ ਹੋਣ ਤੋਂ ਪਹਿਲਾਂ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਲਾਜ਼ਮੀ ਤੌਰ 'ਤੇ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਅਸੀਂ ਪਰਿਵਾਰਕ ਮੈਂਬਰਾਂ ਨੂੰ ਵੱਧ ਤੋਂ ਵੱਧ ਸੁੱਖਿਅਤ ਕਰ ਸਕੀਏ। ਸਿਰਫ ਸਾਵਧਾਨੀ ਵਰਤ ਕੇ ਹੀ ਘਰ ਨੂੰ ਕੋਰੋਨਾ ਵਾਇਰਸ ਦੇ ਖਤਰੇ ਤੋਂ ਬਚਾਇਆ ਜਾ ਸਕਦਾ ਹੈ।

ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕਿ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਬਲਬੀਰ ਸਿੰਘ ਸਿੱਧੂ ਵੱਲੋਂ ਸਮੂਹ ਸਿਹਤ ਵਿਭਾਗ ਮੈਡੀਕਲ,ਪੈਰਾ-ਮੈਡੀਕਲ ਅਤੇ ਮਾਸ ਮੀਡੀਆ ਸਟਾਫ ਨੂੰ ਇਹ ਆਦੇਸ਼ ਜਾਰੀ ਕੀਤੇ ਗਏ ਹਨ ਕਿ ਪੰਜਾਬ ਵਾਸੀਆਂ ਨੂੰ ਕੋਰੋਨਾ ਵਾਇਰਸ ਦੇ ਖਤਰੇ ਬਾਰੇ ਹਰ ਪੱਧਰ 'ਤੇ ਜਾਗਰੂਕ ਕੀਤਾ ਜਾਵੇ ਤਾਂ ਜੋ ਇਸ ਵਾਇਰਸ ਨੂੰ ਘਰ ਅੰਦਰ ਆਉਣ ਤੋਂ ਰੋਕ ਸਕੀਏ। ਉਨਾਂ ਦੱਸਿਆ ਕਿ ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਆਈ.ਏ.ਐਸ ਵਲੋਂ ਜਾਰੀ ਹਦਾਇਤਾਂ ਅਨੁਸਾਰ ਜਦੋਂ ਕੋਈ ਵੀ ਵਿਅਕਤੀ ਬਾਹਰੋਂ ਆਪਣੇ ਘਰ ਵਾਪਸ ਆਉਂਦਾ ਹੈ ਤਾਂ ਉਸ ਵਲੋਂ ਘਰ ਵਿਚ ਆ ਕੇ ਕਿਸੇ ਵੀ ਚੀਜ ਨੂੰ ਹੱਥ ਨਾ ਲਗਾਇਆ ਜਾਵੇ ਅਤੇ ਸੱਭ ਤੋਂ ਪਹਿਲਾਂ ਆਪਣੇ ਜੁੱਤੇ ਉਤਾਰੇ ਜਾਣ। ਜੇਕਰ ਪਾਲਤੂ ਜਾਨਵਰ ਨੂੰ ਬਾਹਰੋਂ ਸੈਰ ਕਰਵਾ ਕੇ ਆਏ ਹੋ ਤਾਂ ਉਸਦੇ ਪੰਜਿਆਂ ਨੂੰ ਵੀ ਚੰਗੀ ਤਰਾਂ ਰੋਗਾਣੂ ਮੁਕਤ ਕੀਤਾ ਜਾਵੇ।ਆਪਣੇ ਕੱਪੜਿਆਂ ਨੂੰ ਬਦਲ ਕੇ ਅਤੇ ਧੋਣ ਲਈ ਵੱਖਰੇ ਤੌਰ 'ਤੇ ਰੱਖ ਦਿੱਤਾ ਜਾਵੇ ਜਿਸ ਉਪਰੰਤ ਬੈਗ, ਪਰਸ, ਚਾਬੀਆਂ ਆਦਿ ਨੂੰ ਘਰ ਦੀ ਐਂਟਰੀ ਤੇ ਹੀ ਕਿਸੇ ਬਕਸੇ ਵਿਚ ਪਾ ਦਿੱਤਾ ਜਾਵੇ ਤਾਂ ਜੋ ਘਰ ਦੀ ਕਿਸੀ ਅੰਦਰਲੀ ਚੀਜ਼ ਨਾਲ ਇਨਾਂ ਸੰਪਰਕ ਨਾ ਹੋ ਜਾਵੇ। ਉਨਾਂ ਦੱਸਿਆ ਨਹਾਉਣ ਨਾਲ ਤੁਸੀਂ ਰੋਗਾਣੂ ਮੁਕਤ ਹੋ ਜਾਂਦੇ ਹੋ ਇਸ ਲਈ ਨਹਾਉਣਾ ਬਹੁਤ ਜਰੂਰੀ ਹੈ ਜੇਕਰ ਤੁਸੀਂ ਕਿਸੇ ਕਾਰਣ ਨਹਾਉਣਾ ਨਹੀਂ ਚਾਹੁੰਦੇ ਤਾਂ ਘੱਟੋ ਘੱਟ ਹੱਥ, ਬਾਹਾਂ, ਗਰਦਨ ਤੇ ਨਹੁੰਆਂ ਨੂੰ ਚੰਗੀ ਤਰਾਂ ਸਾਬਣ ਨਾਲ ਸਾਫ ਕਰੋ।ਇਹ ਵੀ ਅਤੀ ਜ਼ਰੂਰੀ ਹੈ ਕਿ ਮੋਬਾਇਲ ਫੋਨ ਅਤੇ ਐਨਕਾਂ ਨੂੰ ਗਰਮ ਸਾਬਣ ਵਾਲੇ ਪਾਣੀ ਦੀ ਸਪਰੇਅ ਜਾਂ ਅਲਕੋਹਲ ਨਾਲ ਰੋਗਾਣੂ-ਮੁਕਤ ਕੀਤਾ ਜਾਵੇ ਅਤੇ ਇਸ ਤੋਂ ਇਲਾਵਾ ਬਾਹਰੋਂ ਲਿਆਂਦੀ ਕਿਸੇ ਵੀ ਵਸਤੂ ਨੂੰ ਚੰਗੀ ਤਰਾਂ ਰੋਗਾਣੂ-ਮੁਕਤ ਕਰਨ ਤੋਂ ਬਾਅਦ ਹੀ ਘਰ ਅੰਦਰ ਲਿਆਂਦਾ ਜਾਵੇ ਜਿਸ ਉਪਰੰਤ ਫਿਰ ਇਕ ਵਾਰ ਹੱਥਾਂ ਨੂੰ ਸਹੀ ਤਰੀਕੇ ਨਾਲ ਸਾਫ ਕੀਤਾ ਜਾਵੇ। ਹਰ ਚੀਜ ਨੂੰ ਰੋਗਾਣੂਮੁਕਤ ਕਰਨਾ ਸੰਭਵ ਨਹੀਂ ਹੈ ਪਰ ਅਸੀਂ ਇਨਾਂ ਹਦਾਇਤਾਂ ਦੀ ਪਾਲਣਾ ਕਰਕੇ ਕੋਰੋਨਾ ਦੇ ਖਤਰੇ ਨੂੰ ਘਟਾ ਸਕਦੇ ਹਾਂ ਅਤੇ ਆਪਣੇ ਪਰਿਵਾਰ ਨੂੰ ਸੁਰੱਖਿਅਤ ਵੀ ਰੱਖ ਸਕਦੇ ਹਾਂ।

ਉਨਾਂ ਕਿਹਾ ਕਿ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਕਰੋਨਾ ਵਾਇਰਸ ਦੀ ਰੋਕਥਾਮ ਲਈ ਵਿਆਪਕ ਪੱਧਰ 'ਤੇ ਉਪਰਾਲੇ ਕਰ ਰਿਹਾ ਹੈ ਉਨਾਂ ਕਿਹਾ ਕਿ ਜੇਕਰ ਸੁੱਕੀ ਖੰਘ,ਬੁਖਾਰ ਸਾਹ ਲੈਣ ਵਿੱਚ ਤਕਲੀਫ ਹੋਵੇ ਤਾਂ ਤੁਰੰਤ ਸਰਕਾਰੀ ਸਿਹਤ ਕੇਂਦਰ ਜਾਂ ਫਲੂ ਕਾਰਨਰ ਨਾਲ ਸੰਪਰਕ ਕੀਤਾ ਜਾਵੇ ਤਾਂ ਜੋ ਸਮੇ 'ਤੇ ਹੀ ਮਰੀਜ਼ ਦਾ ਇਲਾਜ ਸ਼ੁਰੂ ਕੀਤਾ ਜਾ ਸਕੇ।ਸਿਹਤ ਵਿਭਾਗ ਦੀ ਟੀਮਾਂ ਵੱਲੋਂ ਬਾਹਰਲੇ ਸੂਬਿਆਂ ਚੋ ਆਏ ਕੰਬਾਈਨ ਡਰਾਈਵਰਾਂ,ਮਜਦੂਰਾਂ ਅਤੇ ਵਰਕਰਾਂ ਦੀ ਸਿਹਤ ਜਾਂਚ ਵੀ ਕੀਤੀ ਜਾ ਰਹੀ ਹੈ। ਇਹਨਾਂ ਸਾਰੇ ਵਿਅਕਤੀਆਂ ਨੂੰ 14 ਦਿਨ ਲਈ ਇਕਾਂਤਵਾਸ ਵਿੱਚ ਰਹਿਣ ਦੀ ਸਲਾਹ ਦਿੱਤੀ ਜਾ ਰਹੀ ਹੈ। ਉਨਾਂ ਪਿੰਡ ਪੰਚਾਇਤਾਂ ਦਾ ਸਹਿਯੋਗ ਦੇਣ ਲਈ ਸਿਹਤ ਵਿਭਾਗ ਵੱਲੋਂ ਧੰਨਵਾਦ ਵੀ ਕੀਤਾ । ਉਨਾਂ ਲੋਕਾਂ ਨੂੰ ਸਮਾਜਿਕ ਦੂਰੀ ਬਣਾਈ ਰੱਖਣ ਅਤੇ ਘਰ ਰਹੋ ਸੁਰੱਖਿਅਤ ਰਹੋ ਦੀ ਅਪੀਲ ਵੀ ਕੀਤੀ।

**Dispatch No. :** I/19659/2020

ਦਫ਼ਤਰ ਜਿਲਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਨਵੀਆਂ ਰਿਆਇਤਾਂ ਅਧੀਨ ਯੋਗ ਸਨਅਤੀ ਇਕਾਈਆਂ ਆਨਲਾਈਨ ਅਪਲਾਈ ਕਰਕੇ ਕੰਮਕਾਜ ਸ਼ੁਰੂ ਕਰ ਸਕਦੀਆਂ ਹਨ : ਉਦਯੋਗ ਮੰਤਰੀ

ਫਰੀਦਕੋਟ , 22 ਅਪ੍ਰੈਲ 2020 ( ) ਪੰਜਾਬ ਸਰਕਾਰ ਦੇ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ ਪਿਛਲੇ ਹਫ਼ਤੇ ਜਾਰੀ ਕੀਤੇ ਦਿਸ਼ਾ-ਨਿਰਦੇਸ਼ਾਂ ਤਹਿਤ ਦਰਸਾਏ ਗਏ ਸਟੈਂਡਰਡ ਓਪਰੇਟਿੰਗ ਪ੍ਰੋਸੀਜ਼ਰ ਦੀ ਪਾਲਣਾ ਨੂੰ ਯਕੀਨੀ ਬਣਾਉਂਦਿਆਂ

ਜਿਹੜੀਆਂ ਸਨਅਤੀ ਇਕਾਈਆਂ ਆਪਣਾ ਕੰਮਕਾਜ ਸ਼ੁਰੂ ਕਰਨਾ ਚਾਹੁੰਦੀਆਂ ਹਨ, ਉਹ ਉਦਯੋਗ ਅਤੇ ਵਣਜ ਵਿਭਾਗ ਦੀ ਸਾਈਟ 'ਤੇ ਆਨ ਲਾਈਨ ਅਪਲਾਈ ਕਰਕੇ ਆਪਣਾ ਕੰਮਕਾਜ ਸ਼ੁਰੂ ਕਰ ਸਕਦੀਆਂ ਹਨ।

ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਸ੍ਰੀ ਸੁੰਦਰ ਸ਼ਾਮ ਅਰੋੜਾ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਰਫ਼ਿਊ ਦੌਰਾਨ ਕੰਮਕਾਜ ਚਲਾਉਣ ਦੀ ਸਹੂਲਤ ਲਈ ਇੱਕ ਸਮਰਪਿਤ

ਲਿੰਕ https://pbindustries.gov.in/static/covid9ndustryPermission ਤਿਆਰ ਕੀਤਾ ਗਿਆ ਹੈ। ਉਨਾਂ ਅੱਗੇ ਕਿਹਾ ਕਿ ਇਸ ਸਬੰਧੀ ਪ੍ਰਵਾਨਗੀਆਂ ਦੇਣ ਲਈ ਡਿਪਟੀ ਕਮਿਸ਼ਨਰਾਂ ਵੱਲੋਂ ਜ਼ਿਲਾ ਉਦਯੋਗ ਕੇਂਦਰਾਂ ਦੇ ਸਬੰਧਤ ਜਨਰਲ ਮੈਨੇਜਰਾਂ ਨੂੰ ਅਧਿਕਾਰਤ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਗ੍ਰਹਿ ਮੰਤਰਾਲੇ, ਭਾਰਤ ਸਰਕਾਰ ਵੱਲੋਂ 15-4-2020 ਨੂੰ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬਾਅਦ ਵਿੱਚ ਪੰਜਾਬ ਸਰਕਾਰ ਦੇ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ 18-4-2020 ਨੂੰ ਆਦੇਸ਼ ਜਾਰੀ ਕੀਤੇ ਗਏ ਸਨ ,ਜਿਸ ਅਧੀਨ ਉਕਤ ਦਿਸ਼ਾ ਨਿਰਦੇਸ਼ਾਂ ਤਹਿਤ ਦਰਸਾਏ ਗਏ ਸਟੈਂਡਰਡ ਓਪਰੇਟਿੰਗ ਪ੍ਰੋਸੀਜ਼ਰ ਦੀ ਪਾਲਣਾ ਨੂੰ ਯਕੀਨੀ ਬਣਾਉਂਦਿਆਂ ਕੁਝ ਸਨਅਤੀ ਇਕਾਈਆਂ ਨੂੰ ਕੰਮ ਕਰਨ ਦੀ ਆਗਿਆ ਦਿੱਤੀ ਗਈ ਹੈ।

ਇਸ ਪੋਰਟਲ ਜ਼ਰੀਏ ਨਿਰਮਾਣ ਕਾਰਜਾਂ ਲਈ ਜਿਲਾ ਉਦਯੋਗ ਕੇਂਦਰਾਂ ਦੇ ਜਨਰਲ ਮੈਨੇਜਰ ਤੋਂ ਪ੍ਰਵਾਨਗੀਆਂ ਲੈਣ ਦੀ ਵਿਵਸਥਾ ਵੀ ਕੀਤੀ ਗਈ ਹੈ। ਉਕਤ ਪੋਰਟਲ ਵਿੱਚ ਅਰਜ਼ੀਆਂ ਜਮਾਂ ਕਰਵਾਉਣ ਅਤੇ ਮਨਜ਼ੂਰ ਹੋਣ ਸਮੇਂ ਨਿਵੇਸ਼ਕ ਨੂੰ ਐਸ.ਐਮ.ਐਸ. ਭੇਜਣ ਦਾ ਪ੍ਰਬੰਧ ਵੀ ਕੀਤਾ ਗਿਆ ਹੈ।

ਉਦਯੋਗ ਮੰਤਰੀ ਨੇ ਅੱਗੇ ਕਿਹਾ ਕਿ ਇਸ ਆਨਲਾਈਨ ਸਹੂਲਤ ਨਾਲ ਲੋੜੀਂਦੀਆਂ ਪ੍ਰਵਾਨਗੀਆਂ ਪ੍ਰਾਪਤ ਕਰਨ ਲਈ ਲੱਗਣ ਵਾਲੇ ਸਮੇਂ ਦੀ ਬੱਚਤ ਹੋਵੇਗੀ ਅਤੇ ਅਜਿਹੀਆਂ ਪ੍ਰਵਾਨਗੀਆਂ ਲੈਣ ਲਈ ਦਫ਼ਤਰਾਂ 'ਚ ਆਉਣ-ਜਾਣ ਦੀ ਜ਼ਰੂਰਤ ਨਹੀਂ ਪਵੇਗੀ।

**Dispatch No. :** I/19679/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

- ਮੈਡਮ ਜਯੋਤੀ ਸਿੰਘ ਅਤੇ ਐਸ.ਡੀ.ਐਮ. ਨੇ ਲੋੜਵੰਦ ਔਰਤਾਂ ਨੂੰ ਮੁਹੱਈਆ ਕਰਵਾਏ ਸੈਨੇਟਰੀ ਪੈਡਜ਼

-ਔਰਤਾਂ ਦੀ ਸਿਹਤ ਸੁਰੱਖਿਆ ਲਈ ਵਿਸ਼ੇਸ਼ ਉਪਰਾਲਾ ਜੈਤੋਂ

ਫਰੀਦਕੋਟ , 22 ਅਪ੍ਰੈਲ (       ) ਨੋਵਲ ਕੋਰੋਨਾ ਵਾਇਰਸ (ਕੋਵਿਡ-19) ਦੇ ਚੱਲਦਿਆਂ ਲੱਗੇ ਕਰਫਿਊ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਜ਼ਰੂਰੀ ਵਸਤਾਂ ਘਰਾਂ ਵਿੱਚ ਹੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਜ਼ਿਲ੍ਹੇ ਨਾਲ ਸਬੰਧਤ ਵੱਖ ਵੱਖ ਸਵੈ ਸੇਵੀ ਸੰਸਥਾਵਾਂ ਵੱਲੋਂ ਵੀ ਆਪਣੇ ਪੱਧਰ ਤੇ ਵੱਖ ਵੱਖ ਕਾਰਜਾਂ ਵਿੱਚ ਲੋਕਾਂ ਦੀ ਇਸ ਮੁਸ਼ਕਲ ਘੜੀ ਵਿਚ ਮੱਦਦ ਕੀਤੀ ਜਾ ਰਹੀ ਹੈ ।ਇਹ ਜਾਣਕਾਰੀ ਜ਼ਿਲ੍ਹਾ ਹਸਪਤਾਲ ਭਲਾਈ ਸ਼ਾਖਾ ਦੀ ਚੇਅਰਪਰਸਨ ਮੈਡਮ ਜੋਤੀ ਸਿੰਘ ਰਾਜ ਅਤੇ ਡਾ ਮਨਦੀਪ ਕੌਰ ਐਸਡੀਐਮ ਜੈਤੋ ਨੇ ਜੈਤੋ ਦੇ ਵੱਖ ਵੱਖ ਇਲਾਕਿਆਂ ਵਿੱਚ ਔਰਤਾਂ ਨੂੰ ਸੈਨਟਰੀ ਪੈਡ ਵੰਡਣ ਅਤੇ ਨੋਬਲ ਕਰੋਨਾ ਸਬੰਧੀ ਜਾਗਰੂਕ ਕਰਨ ਉਪਰੰਤ ਦਿੱਤੀ

ਦੱਸਿਆ ਕਿ ਇਸੇ ਲੜੀ ਤਹਿਤ ਅੱਜ ਸਬ-ਡਵੀਜ਼ਨ ਜੈਤੋਂ ਦੇ ਵੱਖ-ਵੱਖ ਇਲਾਕਿਆਂ ਵਿੱਚ ਔਰਤਾਂ ਨੂੰ ਸੈਨੇਟਰੀ ਪੈਡਜ਼ ਮੁਹੱਈਆ ਕਰਵਾਏ ਗਏ ਹਨ। ਉਨ੍ਹਾ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਸੀ ਔਰਤਾਂ ਨੂੰ ਸੈਨੇਟਰੀ ਪੈਡਜ਼ ਦੀ ਕਾਫ਼ੀ ਕਿੱਲਤ ਮਹਿਸੂਸ ਹੋ ਰਹੀ ਹੈ ਅਤੇ ਕਰਫਿਊ ਦੌਰਾਨ ਉਹ ਘਰਾਂ ਤੋਂ ਬਾਹਰ ਵੀ ਨਹੀਂ ਨਿਕਲ ਪਾ ਰਹੀਆਂ। ਉਨ੍ਹਾਂ ਦੱਸਿਆ ਕਿ ਉਹ ਖੁਦ ਔਰਤ ਹੋਣ ਦੇ ਨਾਤੇ ਔਰਤਾਂ ਦੀ ਸਮੱਸਿਆ ਨੂੰ ਸਮਝ ਸਕਦੇ ਹਨ ਇਸ ਲਈ ਉਹ ਇਹ ਸੈਨੇਟਰੀ ਪੈਡਜ਼ ਵੰਡ ਰਹੇ ਹਨ।

ਉਨ੍ਹਾਂ ਦੱਸਿਆ ਕਿ ਅੱਜ ਕਰੀਬ 450 ਸੈਨੇਟਰੀ ਪੈਡਜ਼ ਗਏ ਹਨ ਅਤੇ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ। ਉਨ੍ਹਾਂ ਕਿਹਾ ਕਿ ਔਰਤਾਂ ਦੀ ਸਮੱਸਿਆ ਨੂੰ ਸਮਝਦੇ ਹੋਏ ਉਨ੍ਹਾਂ ਦੀ ਸਿਹਤ ਸੁਰੱਖਿਆ ਨੂੰ ਧਿਆਨ ਵਿਚ ਰੱਖਦੇ ਹੋਏ ਇਹ ਉਪਰਾਲਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਉਹ ਇਸ ਸੰਕਟ ਦੀ ਘੜੀ ਵਿਚ ਹਰ ਸਮੇਂ ਔਰਤਾਂ ਦੇ ਨਾਲ ਖੜ੍ਹੇ ਹਨ।ਇਸ ਮੌਕੇ ਔਰਤਾਂ ਨੂੰ ਨੋਵਲ ਕਰੋਨਾ ਬਿਮਾਰੀ ਦੀ ਰੋਕਥਾਮ ਅਤੇ ਆਲ਼ੇ ਦੁਆਲੇ ਦੀ ਸਾਫ਼ ਸਫ਼ਾਈ ਰੱਖਣ ਸਬੰਧੀ ਵੀ ਜਾਗਰੂਕ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਇਸ ਕਾਰਜ ਵਿੱਚ ਸਮਸਤ ਸਾਂਈ ਪਰਿਵਾਰ ਅਤੇ ਬਠਿੰਡਾ ਵਿਕਾਸ ਮੰਚ ਤੋਂ ਇਲਾਵਾ ਡਾ ਵੀਨੂੰ ਗਰਗ ਪ੍ਰਿੰਸੀਪਲ ਭਾਈ ਭਗਤੂਆਣਾ ਕਾਲਜ ਆਦਿ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਇਸ ਮੌਕੇ ਹੀਰਾ ਵੰਤੀ ਨਾਇਬ ਤਹਿਸੀਲਦਾਰ ਅਤੇ ਮਿਸ ਨੀਰੂ ਗਰਗ ਬੀਡੀਪੀਓ ਜੈਤੋ ਵੀਹਾਜ਼ਰ ਸਨ

**Dispatch No. :** I/19616/2020

ਜ਼ਿਲਾ ਲੋਕ ਸੰਪਰਕ ਅਫਸਰ, ਫਰੀਦਕੋਟ

ਡਿਪਟੀ ਕਮਿਸ਼ਨਰ ਵੱਲੋਂ ਵੱਖ ਵੱਖ ਮੰਡੀਆਂ ਦਾ ਦੌਰਾ

ਵੱਧ ਤੋਲਣ ਵਾਲਿਆਂ ਵਿਰੁੱਧ ਹੋਵੇਗੀ ਸਖਤ ਕਾਰਵਾਈ ਡਿਪਟੀ ਕਮਿਸ਼ਨਰ

ਮੰਡੀਆਂ ਵਿਚ ਕਣਕ ਦੀ ਸਫਾਈ, ਤੁਲਾਈ ਤੇ ਹੋਰ ਕੰਮਾਂ ਦੀ ਕੀਤੀ ਜਾਂਚ

ਜ਼ਿਲੇ ਦੀਆਂ ਮੰਡੀਆਂ ਵਿਚ ਕੱਲ ਤੱਕ 148108ਮੀਟ੍ਰਿਕ ਟਨ ਕਣਕ ਦੀ ਆਮਦ ਹੋਈ

ਫਰੀਦਕੋਟ 22 ਅਪ੍ਰੈਲ 2020 ( ) ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਵੱਲੋਂ ਬੀਤੀ ਸ਼ਾਮ ਜ਼ਿਲੇ ਦੇ ਖਰੀਦ ਕੇਂਦਰਾਂ ਦਾ ਦੌਰਾ ਕਰਕੇ,ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਉਨਾਂ ਮੰਡੀਆਂ ਦੇ ਵਿਚ ਹੁੰਦੀ ਕਣਕ ਦੀ ਸਫਾਈ ਅਤੇ ਤੁਲਾਈ ਆਦਿ ਦੀ ਚੈਕਿੰਗ ਕੀਤੀ ਅਤੇ ਮੌਕੇ ਤੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਸਮੇਂ ਸਮੇਂ ਤੇ ਕਣਕ ਦੀ ਸਫਾਈ ਤੇ ਤੋਲ ਨੂੰ ਚੈਕ ਕਰਦੇ ਰਹਿਣ। ਉਨਾਂ ਕਿਹਾ ਕਿ ਜੇਕਰ ਕੋਈ ਆੜਤੀਆਂ ਜਾਂ ਖਰੀਦ ਏਜੰਸੀ ਵੱਧ ਤੋਲ ਕਰਦਾ ਪਾਇਆ ਗਿਆ ਉਸ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਨਾਂ ਕਿਹਾ ਕਿ ਮੰਡੀਆਂ ਵਿਚ ਸਮਾਜਿਕ ਦੂਰੀ ਬਣਾ ਕੇ ਰੱਖੀ ਜਾਵੇ ਤੇ ਮਾਸਕ ਨੂੰ ਪਾ ਕੇ ਰੱਖਿਆ ਜਾਵੇ ਤਾਂ ਜੋ ਕਰੋਨਾ ਵਰਗੀ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਿਆ ਜਾ ਸਕੇ। ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਮੰਡੀਆਂ ਨੂੰ ਸਮੇਂ ਸਮੇਂ ਤੇ ਸੈਨੇਟਾਈਜ਼ ਕੀਤਾ ਜਾ ਰਿਹਾ ਹੈ ਅਤੇ ਕਿਸਾਨਾਂ ਲਈ ਛਾਂ, ਅਤੇ ਪੀਣ ਵਾਲੇ ਪਾਣੀ ਦਾ ਵੀ ਢੁੱਕਵਾ ਪ੍ਰਬੰਧ ਕੀਤਾ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਕਿ ਪੰਜਾਬ ਸਰਕਾਰ ਵੱਲੋਂ ਕੋਵਿਡ-19 ਮਹਾਂਮਾਰੀ ਦੀ ਰੋਕਥਾਮ ਲਈ ਲਗਾਏ ਗਏ ਕਰਫਿਊ ਤਹਿਤ ਕਿਸਾਨਾਂ ਨੂੰ ਉਨਾਂ ਦੀ ਫਸਲ ਮੰਡੀਆਂ ਤੱਕ ਲਿਜਾਣ ਵਿਚ ਘੱਟੋਂ ਘੱਟ ਲੋਕਾਂ ਦੀ ਹਾਜ਼ਰੀ ਹੋਵੇ ਨੂੰ ਖਿਆਲ ਵਿਚ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਖਰੀਦ ਕੇਂਦਰਾਂ ਵਿਚ ਕਣਕ ਦੀ ਆਮਦ ਅਤੇ ਖਰੀਦ ਲਗਾਤਾਰ ਜਾਰੀ ਹੈ ਅਤੇ ਪੰਜਾਬ ਮੰਡੀ ਬੋਰਡ/ਏਜੰਸੀਆਂ ਵੱਲੋਂ ਕਿਸਾਨਾਂ ਦੀ ਸਹੂਲਤ ਅਤੇ ਕਰੋਨਾ ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਢੁੱਕਵੇਂ ਪ੍ਰਬੰਧ ਕੀਤੇ ਗਏ ਹਨ ਅਤੇ ਮੰਡੀਆਂ ਵਿੱਚ ਹਾਜ਼ਰ ਕਿਸਾਨਾਂ ,ਆੜਤੀਆਂ , ਲੇਬਰ ਸਮੇਤ ਹਰ ਇਕ ਲਈ ਮਾਸਕ ਪਾਉਣਾ ਲਾਜ਼ਮੀ ਕੀਤਾ ਗਿਆ ਹੈ।

ਜਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ੍ਰੀ ਜਸਪ੍ਰੀਤ ਸਿੰਘ ਕਾਹਲੋ ਨੇ ਦੱਸਿਆ ਕਿ ਕੱਲ

ਸ਼ਾਮ ਤੱਕ ਜ਼ਿਲੇ ਦੀਆਂ ਮੰਡੀਆਂ ਵਿਚ 148108 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਜਿਸ ਵਿਚ ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 132148 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਕੱਲ ਸ਼ਾਮ ਤੱਕ ਪਨਗਰੇਨ ਵੱਲੋਂ 41357 ਮੀਟ੍ਰਿਕ ਟਨ,ਮਾਰਕਫੈਂਡ ਵੱਲੋਂ 38821 ਮੀਟ੍ਰਿਕ ਟਨ, ਪਨਸਪ ਵੱਲੋਂ29180 ਮੀਟ੍ਰਿਕ ਟਨ, ਵੇਅਰ ਹਾਊਸ ਵੱਲੋਂ 16317ਮੀਟ੍ਰਿਕ ਟਨ ਅਤੇ ਭਾਰਤੀ ਖਰੀਦ ਨਿਗਮ ਵੱਲੋਂ6473 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ। ਉਨਾਂ ਹੋਰ ਦੱਸਿਆ ਕਿ ਪਾਸ ਸਿਸਟਮ ਲਾਗੂ ਹੋਣ ਕਾਰਨ ਕਣਕ ਦੀ ਖਰੀਦ, ਲਿਫਟਿੰਗ ਆਦਿ ਦਾ ਕੰਮ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ ਅਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆ ਰਹੀ।ਉਨਾਂ ਇਹ ਵੀ ਦੱਸਿਆ ਕਿ ਕੱਲ ਤੱਕ ਜ਼ਿਲੇ ਦੀਆਂ ਮੰਡੀਆਂ ਵਿਚ 88990 ਮੀਟ੍ਰਿਕ ਟਨ ਖਰੀਦੀ ਗਈ ਕਣਕ ਦੀ ਲਿਫਟਿੰਗ ਹੋ ਚੁੱਕੀ ਹੈ।

ਡਿਪਟੀ ਜ਼ਿਲਾ ਮੰਡੀ ਅਫਸਰ ਸ੍ਰੀ ਗੌਰਵ ਗਰਗ ਨੇ ਦੱਸਿਆ ਕਿ ਮੰਡੀ ਬੋਰਡ ਵੱਲੋਂ ਆੜਤੀਆਂ ਰਾਹੀ ਕਿਸਾਨਾਂ ਨੂੰ ਕਣਕ ਲਿਆਉਣ ਲਈ ਪਾਸ ਜਾਰੀ ਕੀਤੇ ਜਾ ਰਹੇ ਹਨ। ਮਿਤੀ 22 ਅਪ੍ਰੈਲ ਲਈ 3645 ,23 ਅਪਰੈਲ ਲਈ 4475, 24 ਅਪਰੈਲ ਲੀ4475 ਕਿਸਾਨਾਂ ਨੂੰ ਕਣਕ ਮੰਡੀਆਂ ਵਿਚ ਲਿਆਉਣ ਲਈ ਪਾਸ ਜਾਰੀ ਕੀਤੇ ਗਏ ਹਨ। ਉਨਾਂ ਕਿਹਾ ਕਿ ਹੁਣ ਤੱਕ ਕਿਸਾਨਾਂ ਨੂੰ 30,000 ਤੋਂ ਵੱਧ ਪਾਸ ਜਾਰੀ ਹੋ ਚੁੱਕੇ ਹਨ ਅਤੇ ਆੜਤੀਆ ਵੱਲੋਂ ਸਬੰਧਤ ਕਿਸਾਨਾਂ ਨੂੰ2 ਦਿਨ ਪਹਿਲਾਂ ਪਾਸ ਮੁਹੱਈਆ ਕਰਵਾ ਦਿੱਤੇ ਜਾਂਦੇ ਹਨ।